# ਪ੍ਰੈਸ ਨੋਟ

ਮਾਨਯੋਗ ਸ੍ਰੀ ਧਰੂਮਨ ਐੱਚ ਨਿੰਬਾਲੇ ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾਂ ਨਿਦੇਸ਼ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਵੱਖ-ਵੱਖ ਕੇਸਾਂ ਵਿੱਚ ਪੀ.ਓ/ਭਗੌੜਿਆਂ ਨੂੰ ਗ੍ਰਿਫਤਾਰ ਕਰਨ ਲਈ ਵਿੱਢੀ ਗਈ ਸਪੈਸ਼ਲ ਮੁਹਿੰਮ ਤਹਿਤ ਸ੍ਰੀ ਗੁਰਪ੍ਰੀਤ ਸਿੰਘ ਪੀ.ਪੀ.ਐਸ, ਉਪ ਕਪਤਾਨ ਪੁਲਿਸ (ਡੀ), ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਗੁਰਮੀਤ ਸਿੰਘ, ਇੰਚਾਰਜ ਪੀ.ਓ ਸਟਾਫ ਸ੍ਰੀ ਮੁਕਤਸਰ ਸਾਹਿਬ ਵੱਲੋਂ ਸਮੇਤ ਸਾਥੀ ਕਰਮਚਾਰੀਆਂ ਦੇ ਮੁਕੱਦਮਾਂ ਨੰਬਰ 127 ਮਿਤੀ 18.04.2014 ਅ/ਧ 15/61/85 ਐਨ.ਡੀ.ਪੀ.ਐਸ ਐਕਟ ਥਾਣਾ ਲੰਬੀ ਵਿੱਚ ਮਾਨਯੋਗ ਅਦਾਲਤ ਸ੍ਰੀ ਅਰੁਣਵੀਰ ਵਸ਼ਿਸ਼ਟ, ਸ਼ੈਸ਼ਨ ਜੱਜ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੀ.ਓ ਕਰਾਰ ਦਿੱਤੇ ਗਏ ਦੋਸ਼ੀ ਮੰਟੂ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਕਰੀਰ ਵਾਲੀ, ਥਾਣਾ ਰਾਣੀਆਂ, ਜਿਲ੍ਹਾ ਸਿਰਸਾ (ਹਰਿਆਣਾ) ਨੂੰ ਅੱਜ ਮਿਤੀ 04.06.2022 ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਹ ਦੋਸ਼ੀ ਭੁੱਕੀ ਚੂਰਾ ਪੋਸਤ ਵੇਚਣ ਦਾ ਧੰਦਾ ਕਰਦਾ ਸੀ ਅਤੇ ਸਾਲ 2014 ਵਿੱਚ ਥਾਣਾ ਲੰਬੀ ਦੀ ਪੁਲਿਸ ਵੱਲੋਂ ਦੋਸ਼ੀ ਪਾਸੋਂ 10 ਕਿੱਲੋਗ੍ਰਾਮ ਭੁੱਕੀ ਚੂਰਾ ਪੋਸਤ ਬਰਾਮਦ ਕੀਤਾ ਗਿਆ ਸੀ, ਜੋ ਕਰੀਬ 8 ਸਾਲ ਪੁਰਾਣੇ ਕੇਸ ਵਿੱਚ ਲੋੜੀਂਦਾ ਸੀ, ਜਿਸਦੇ ਖਿਲਾਫ ਮਾਨਯੋਗ ਸ਼ੈਸ਼ਨ ਕੋਰਟ ਸ੍ਰੀ ਮੁਕਤਸਰ ਸਾਹਿਬ ਵਿਖੇ ਕੇਸ ਚੱਲ ਰਿਹਾ ਸੀ ਅਤੇ ਇਹ ਦੋਸ਼ੀ ਮਾਨਯੋਗ ਅਦਾਲਤ ਵਿੱਚ ਪੇਸ਼ ਨਹੀ ਹੋਇਆ, ਜਿਸਤੇ ਮਾਨਯੋਗ ਅਦਾਲਤ ਵੱਲੋਂ ਦੋਸ਼ੀ ਨੂੰ ਮਿਤੀ 22.11.2021 ਨੂੰ ਅ/ਧ 299 ਜਾ:ਫੌ ਤਹਿਤ ਪੀ.ਓ ਕਰਾਰ ਦਿੱਤਾ ਗਿਆ ਸੀ। ਜੋ ਦੋਸ਼ੀ ਨੂੰ ਕਾਬੂ ਕਰਕੇ ਉਸਦੇ ਖਿਲਾਫ ਮੁਕੱਦਮਾਂ ਨੰਬਰ 131 ਮਿਤੀ 04.06.2022 ਅ/ਧ 174.ਏ ਭ/ਦ ਥਾਣਾ ਲੰਬੀ ਦਰਜ ਰਜਿਸਟਰ ਕੀਤਾ ਗਿਆ ਹੈ। ਦੋਸ਼ੀ ਨੂੰ ਪੁੱਛਗਿੱਛ ਕਰਨ ਤੋਂ ਬਾਅਦ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।